ਦਫਤਰ ਡਾਇਰੈਕਟਰ ਸਕੂਲ ਐਜੂਕੇਸ਼ਨ (ਐਲੀਮੈਂਟਰੀ), ਪੰਜਾਬ, ਐਸ ਏ ਐਸ ਨਗਰ
ਕੰਪ:ਪੰ.ਸ.ਸ.ਬ. ਈ-ਬਲਾਕ, 6ਵੀਂ ਮੰਜਿਲ, ਫੇਜ਼:8, ਸਅਸ ਨਗਰ

**(ਪਬਲਿਕ ਨੋਟਿਸ)**

ਮੀਮੋ ਨੰ: ਟਰਾਂਸਫਰਸੈੱਲ/2024666102/7

ਮਿਤੀ:ਐਸ.ਏ.ਐਸ ਨਗਰ: 14-08-2025

1.0 ਸਾਲ 2025 ਦੌਰਾਨ ਵਿਭਾਗ ਵੱਲੋਂ ਜਨਤਕ ਸੂਚਨਾ ਮਿਤੀ 04.08.2025 ਜਾਰੀ ਕਰਦੇ ਹੋਏ ਲਿਖਿਆ ਗਿਆ ਸੀ ਕਿ ਪ੍ਰਾਇਮਰੀ ਕਾਡਰ ਦੇ ਜਿਨ੍ਹਾਂ ਅਧਿਆਪਕਾਂ ਵੱਲੋਂ ਬਦਲੀ ਲਈ ਅਪਲਾਈ ਕੀਤਾ ਗਿਆ ਸੀ, ਨੂੰ ਬਦਲੀਆਂ ਦੇ ਪਹਿਲੇ ਗੇੜ ਦੌਰਾਨ ਜਿਲ੍ਹੇ ਦੇ ਅੰਦਰ (Within District) ਸਟੇਸ਼ਨ ਚੁਆਇਸ ਦਾ ਮੌਕਾ ਦਿੱਤਾ ਗਿਆ ਸੀ।

2.0 ਅਧਿਆਪਕਾਂ ਵੱਲੋਂ ਬਦਲੀਆਂ ਲਈ ਸਟੇਸ਼ਨ ਚੁਆਇਸ ਕਰਨ ਸਮੇਂ ਆ ਰਹੀਆਂ ਸਮੱਸਿਆਵਾਂ ਅਤੇ ਪੋਰਟਲ ਤੇ ਤਕਨੀਕੀ ਕਾਰਨਾਂ ਕਰਕੇ ਸਟੇਸ਼ਨ ਚੋਣ ਦੀ ਪ੍ਰਕਿਰਿਆ ਬੰਦ ਕੀਤੀ ਗਈ ਸੀ। ਵਿਭਾਗ ਵੱਲੋਂ ਦਿੱਤੀ ਜਨਤਕ ਸੂਚਨਾ ਮਿਤੀ 04.08.2025 ਅਨੁਸਾਰ ਜਿਹੜੇ ਅਧਿਆਪਕਾਂ ਵੱਲੋਂ ਸਟੇਸ਼ਨ ਚੁਆਇਸ ਦਿੱਤੀ ਗਈ ਸੀ, ਉਹ ਰੱਦ ਸਮਝੀ ਜਾਂਦੀ ਹੈ। ਜਿਹੜੇ ਅਧਿਆਪਕ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ, ਉਹ ਮੁੜ ਤੋਂ ਸਟੇਸ਼ਨ ਚੁਆਇਸ ਕਰਨਗੇ।

3.0 ਜਿਨ੍ਹਾਂ ਦਰਖਾਸਤਕਰਤਾਵਾਂ ਨੇ ਬਦਲੀ ਲਈ ਬੇਨਤੀ ਦਿੱਤੀ ਹੈ ਅਤੇ ਉਹ ਜਿਲ੍ਹੇ ਦੇ ਅੰਦਰ (Within District) ਬਦਲੀ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਈਪੰਜਾਬ ਪੋਰਟਲ ਤੇ ਲਾਗ ਇਨ ਕਰਕੇ ਬਦਲੀ ਲਈ Station Choice ਮਿਤੀ 15-08-2025 ਤੋਂ 17-08-2025 ਤੱਕ ਦੇ ਸਕਦੇ ਹਨ। ਬਦਲੀ ਲਈ ਉਪਲਬਧ ਖਾਲੀ ਅਸਾਮੀਆਂ ਦੀ ਸੂਚੀ ਈਪੰਜਾਬ ਪੋਰਟਲ ਤੇ Log in ਕਰਕੇ Transfer Menu ਵਿੱਚ Station Choice ਲਿੰਕ ਤੇ ਦਰਸਾਈ ਜਾਵੇਗੀ। Station Choice ਇਨ੍ਹਾਂ ਉਪਲਬਧ ਖਾਲੀ ਸਟੇਸ਼ਨਾਂ ਵਿਚੋਂ ਹੀ ਕੀਤੀ ਜਾ ਸਕਦੀ ਹੈ।

4.0 ਜਿਹੜੇ ਅਧਿਆਪਕ ਬਦਲੀ ਕਰਵਾਉਣ ਵਿੱਚ ਸਫਲ ਹੋ ਜਾਣਗੇ ਤਾਂ ਉਨ੍ਹਾਂ ਨੂੰ ਬਦਲੀ ਵਾਲੇ ਸਟੇਸ਼ਨ ਭਾਵ ਜਿੱਥੇ ਬਦਲੀ ਹੋਈ ਹੈ, ਵਿਖੇ ਜੁਆਇੰਨ ਕਰਨਾ ਲਾਜਮੀ ਹੋਵੇਗਾ। ਕਿਸੇ ਵੀ ਹਾਲਤ ਵਿੱਚ ਬਦਲੀ ਰੱਦ ਨਹੀਂ ਕੀਤੀ ਜਾਵੇਗੀ। ਇਸ ਲਈ ਅਧਿਆਪਕ ਬਦਲੀ ਲਈ Station Choice ਬਹੁਤ ਹੀ ਧਿਆਨ ਪੂਰਵਕ ਕਰਨ।

5.0 ਜੇਕਰ ਕਿਸੇ ਅਧਿਆਪਕ ਨੂੰ ਬਦਲੀ ਲਈ ਆਨਲਾਈਨ Station Choice ਵਿੱਚ ਦਿੱਕਤ ਪੇਸ਼ ਆਉਂਦੀ ਹੈ ਤਾਂ ਉਹ ਜਿਲ੍ਹਾ ਐਮ.ਆਈ.ਐਸ ਕੋਆਰਡੀਨੇਟਰ ਦੀ ਮਦਦ ਲੈ ਸਕਦਾ ਹੈ, ਜਿਨ੍ਹਾਂ ਦੀ ਫੋਨ ਨੰਬਰਾਂ ਦੀ ਸੂਚੀ epunjabschoolportal ਤੇ ਉਪਲਬਧ ਹੈ।

**ਸਹਾਇਕ ਡਾਇਰੈਕਟਰ (ਅਮਲਾ-1)**